VIGILANCE BUREAU, PUNJAB

# Vigilance nabs 18 officials, 4 private persons in 12 bribery cases during May

Chandigarh, June 14 : The State Vigilance Bureau, during its ongoing crusade against corruption has been able to nab 18 government officials and 4 private persons red handed while accepting bribes in 12 different trap cases during the month of May which includes 3 officials each from Police, Mining and Health department.

Disclosing this here today, Chief Director-cum-DGP Vigilance Bureau Punjab B.K. Uppal said the Bureau has put up its best efforts to eradicate corruption amongst public servants and others in every sphere during the period.

He informed that the Bureau has submitted challans pertaining to 13 vigilance cases in different courts during the month of May. During this period, 5 vigilance enquiries have also been registered to thoroughly probe the corruption cases. Apart from this, 8 new cases have also been registered on the basis of vigilance enquiries, he added.

----------------

ਵਿਜੀਲੈਂਸ ਬਿਊਰੋ, ਪੰਜਾਬ

# ਵਿਜੀਲੈਂਸ ਨੇ ਮਈ ਮਹੀਨੇ ਦੌਰਾਨ ਰਿਸ਼ਵਤ ਲੈਣ ਦੇ ਮਾਮਲੇ ’ਚ 18 ਕਰਮਚਾਰੀਆਂ ਅਤੇ 4 ਪ੍ਰਾਈਵੇਟ ਵਿਅਕਤੀਆਂ ਨੂੰ ਕੀਤਾ ਕਾਬੂ

ਚੰਡੀਗੜ੍ਹ, 14 ਜੂਨ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਮਈ ਮਹੀਨੇ ਵਿੱਚ ਵੱਖ-ਵੱਖ ਤਰ੍ਹਾਂ ਦੇ ਰਿਸ਼ਵਤਖੋਰੀ ਦੇ 12 ਮਾਮਲਿਆਂ ਵਿੱਚ 18 ਸਰਕਾਰੀ ਕਰਮਚਾਰੀਆਂ ਅਤੇ 4 ਪ੍ਰਾਈਵੇਟ ਵਿਅਕਤੀਆਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਜਿਸ ਵਿਚ ਪੁਲਿਸ, ਮਾਈਨਿੰਗ ਅਤੇ ਸਿਹਤ ਵਿਭਾਗ ਦੇ 3-3 ਕਰਮਚਾਰੀ ਸ਼ਾਮਲ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਚੀਫ਼ ਡਾਇਰੈਕਟਰ-ਕਮ-ਡੀ.ਜੀ.ਪੀ. ਵਿਜੀਲੈਂਸ ਬਿਊਰੋ ਪੰਜਾਬ ਸ੍ਰੀ ਬੀ.ਕੇ. ਉੱਪਲ ਨੇ ਕਿਹਾ ਕਿ ਬਿਊਰੋ ਨੇ ਇਸ ਅਰਸੇ ਦੌਰਾਨ ਸਰਕਾਰੀ ਕਰਮਚਾਰੀਆਂ ਅਤੇ ਹੋਰਾਂ ਦਰਮਿਆਨ ਹਰ ਖੇਤਰ ਵਿੱਚ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਠੋਸ ਕੋਸ਼ਿਸ਼ਾਂ ਕੀਤੀਆਂ ਹਨ।

ਉਨ੍ਹਾਂ ਦੱਸਿਆ ਕਿ ਬਿਊਰੋ ਨੇ ਮਈ ਮਹੀਨੇ ਦੌਰਾਨ ਵੱਖ-ਵੱਖ ਅਦਾਲਤਾਂ ਵਿੱਚ ਵਿਜੀਲੈਂਸ ਵੱਲੋਂ 13 ਮੁਕੱਦਮਿਆਂ ’ਚ ਚਲਾਨ ਦਾਖਲ ਕੀਤੇ ਗਏ। ਇਸ ਸਮੇਂ ਦੌਰਾਨ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਪੂਰੀ ਡੂੰਘਾਈ ਨਾਲ ਜਾਂਚ ਲਈ 5 ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ। ਇਸ ਤੋਂ ਇਲਾਵਾ ਵਿਜੀਲੈਂਸ ਪੜਤਾਲਾਂ ਦੇ ਆਧਾਰ ’ਤੇ 8 ਨਵੇਂ ਮੁਕੱਦਮੇ ਵੀ ਦਰਜ ਕੀਤੇ ਗਏ ਹਨ।

-------------